## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

### ਮਗਨਰੇਗਾ ਜ਼ੋਬ ਕਾਰਡ ਹੋਲਡਰਾਂ ਤੋਂ ਕਰਵਾਏ ਜਾਣ ਪੰਚਾਇਤੀ ਕੰਮ- ਏ.ਡੀ.ਸੀ.

### ਸੁੰਦਰਤਾ ਨੂੰ ਵਧਾਉਣ ਲਈ ਵੱਧ ਤੋਂ ਵੱਧ ਪਾਰਕ ਬਣਾਉਣ ਦੇ ਦਿੱਤੇ ਆਦੇਸ਼

ਫਾਜ਼ਿਲਕਾ 20 ਸਤੰਬਰ

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ ਵੱਲੋਂ ਸਮੂਹ ਬਲਾਕਾਂ ਦੇ ਬੀ.ਡੀ.ਪੀ.ਓਜ਼ ਨਾਲ ਮਗਨਰੇਗਾ ਸਕੀਮ ਅਧੀਨ ਚੱਲ ਰਹੇ ਵਿਕਾਸ ਕੰਮਾਂ ਦੀ ਰੀਵਿਊ ਮੀਟਿੰਗ ਕੀਤੀ ਗਈ।ਇਸ ਦੌਰਾਨ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਚਾਇਤੀ ਵਿਕਾਸ ਕਾਰਜਾਂ ਨੂੰ ਮਗਨਰੇਗਾ ਜ਼ੋਬ ਕਾਰਡ ਹੋਲਡਰਾਂ ਰਾਹੀਂ ਹੀ ਕਰਵਾਇਆ ਜਾਣਾ ਯਕੀਨੀ ਬਣਾਇਆ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਬਲਾਕ ਪੰਚਾਇਤ ਅਫਸਰ ਨੂੰ ਕਿਹਾ ਕਿ ਪਿੰਡਾਂ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਨੂੰ ਮਗਨਰੇਗਾ ਮਜ਼ਦੂਰਾਂ ਤੋਂ ਕਰਵਾਏ ਜਾਣ।ਇਸ ਨਾਲ ਜਿੱਥੇ ਮਗਨਰੇਗਾ ਮਜ਼ਦੂਰਾਂ ਨੂੰ 100 ਦਿਨਾਂ ਦਾ ਕੰਮ ਮਿਲ ਸਕੇਗਾ ਉਥੇ ਉਹ ਪਿੰਡਾਂ ਦਾ ਬਹੁ-ਪੱਖੀ ਵਿਕਾਸ ਕਰਨ ਵਿੱਚ ਆਪਣਾ ਵੱਢਮੁੱਲਾ ਯੋਗਦਾਨ ਪਾਉਣ ਲਈ ਵੀ ਸਹਾਈ ਸਿੱਧ ਹੋਣਗੇ। ਉਨ੍ਹਾਂ ਵਾਤਾਵਰਣ ਦੀ ਸੁੱਧਤਾ ਲਈ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਪਿੰਡਾਂ 'ਚ ਵੱਧ ਤੋਂ ਵੱਧ ਪੌਧੇ ਲਗਾਉਣ ਅਤੇ ਨਵੇਂ ਪਾਰਕ ਬਣਾਉਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਪਿੰਡਾਂ ਵਾਸੀਆਂ ਨੂੰ ਪ੍ਰੇਰਿਤ ਕਰਨ।

ਇਸ ਮੌਕੇ ਜ਼ਿਲ੍ਹੇ ਨਾਲ ਸਬੰਧਤ ਵੱਖ-ਵੱਖ ਬਲਾਕਾਂ ਦੇ ਬੀ.ਡੀ.ਪੀ.ਓਜ਼. ਅਤੇ ਮਗਨਰੇਗਾ ਸਟਾਫ ਹਾਜ਼ਰ ਸੀ।